Vigilance Bureau Punjab

**Vigilance nabs head constable taking bribe Rs. 5,000**

Chandigarh, February 8: State Vigilance Bureau, today nabbed head constable Jaswinder Singh red handed while accepting bribe of Rs 5,000.

Disclosing this here an official spokesperson of the Vigilance Bureau said HC Jaswinder Singh reader of SP city Mohali was nabbed red handed on the complaint of Babita Suri of sector 23, Chandigarh. The Complainant has approached the VB and alleged that the accused police official was demanding Rs 10,000 to help him in a case registered against her husband and the deal was struck at Rs. 5,000.

After verifying his information, the Vigilance team laid a trap and the accused HC was arrested on the spot taking bribe of Rs. 5,000 from the complainant in the presence of two official witnesses. He informed that a case under different sections of prevention of corruption act has been registered against him at VB police station SAS Nagar and further investigation was under progress.

--------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 5,000 ਦੀ ਰਿਸ਼ਵਤ ਲੈਂਦਾ ਹੌਲਦਾਰ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 8 ਫਰਵਰੀ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਐਸ.ਪੀ. ਸ਼ਹਿਰੀ ਦੇ ਰੀਡਰ ਵਜੋ ਤਾਇਨਾਤ ਹੌਲਦਾਰ ਜਸਵਿੰਦਰ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆਿ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਹੌਲਦਾਰ ਨੂੰ ਸ਼ਿਕਾਇਤਕਰਤਾ ਬਬੀਤਾ ਸੂਰੀ ਵਾਸੀ ਸੈਕਟਰ 23, ਚੰਡੀਗੜ੍ਹ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਪਤੀ ਵਿਰੁੱਧ ਦਰਜ ਕੀਤੇ ਮੁਕੱਦਮੇ ਵਿਚ ਮਦਦ ਕਰਨ ਬਦਲੇ ਮੁੱਖ ਸਿਪਾਹੀ ਜਸਵਿੰਦਰ ਸਿੰਘ ਵਲੋਂ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 5,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਹੌਲਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਐਸਏਐਸ ਨਗਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------